**Vigilance Bureau Punjab**

## VIGILANCE NABS DOCUMENT WRITER FOR TAKING BRIBE

Chandigarh, March 28: The Economic offences wing (EOW) of Vigilance Bureau today nabbed a Document Writer red handed while accepting bribe of Rs. 20,000.

Disclosing this here an official spokesperson of the Vigilance Bureau said Amit Kumar a Document Writer at Ludhiana city was nabbed red handed in the complex of Sub Registrar Ludhiana Vigilance team for accepting bribe of Rs. 20,000 from complainant Mandeep Singh of modal town in Ludhiana district.

The Complainant has approached the EOW VB and alleged that the above said Document Writer was demanding Rs. 20,000 for getting the registry done of his plot from the revenue officials.

After verifying his information, the Vigilance team laid a trap and the accused Document Writer was arrested on the spot while accepting bribe of Rs. 20,000/- from the complainant in the presence of two official witnesses

He informed that a case under Prevention of Corruption Act has been registered against the accused at VB police station Ludhiana and further investigations was under progress.

**ਵਿਜੀਲੈਂਸ ਬਿਓਰੋ ਪੰਜਾਬ**

# ਵਿਜੀਲੈਂਸ ਵਲੋਂ ਵਸੀਕਾ ਨਵੀਸ 20,000 ਰੁਪਏ ਦੀ ਰਿਸ਼ਵਤ ਲੈਂਦਾ ਕਾਬੂ

ਚੰਡੀਗੜ੍ਹ, 28 ਮਾਰਚ: ਪੰਜਾਬ ਵਿਜੀਲੈਂਸ ਬਿਊਰੋ ਦੀ ਆਰਥਿਕ ਅਪਰਾਧ ਸ਼ਾਖਾ ਵੱਲੋਂ ਅੱਜ ਲੁਧਿਆਣਾ ਵਿਖੇ ਵਸੀਕਾ ਨਵੀਸ ਅਮਿਤ ਕੁਮਾਰ ਨੂੰ 20,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਵਸੀਕਾ ਨਵੀਸ ਅਮਿਤ ਕੁਮਾਰ ਨੂੰ ਸ਼ਿਕਾਇਤਕਰਤਾ ਮਨਜੀਤ ਸਿੰਘ ਵਾਸੀ ਮਾਡਲ ਟਾਊਨ, ਜਿਲਾ ਲੁਧਿਆਣਾ ਦੀ ਸ਼ਿਕਾਇਤ ’ਤੇ 20,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਵਸੀਕਾ ਨਵੀਸ ਅਮਿਤ ਕੁਮਾਰ ਵਲੋਂ ਉਸ ਦੇ ਪਲਾਟ ਦੀ ਰਜਿਸਟਰੀ ਕਰਾਉਣ ਵਿਚ ਮਦਦ ਕਰਨ ਬਦਲੇ 20,000 ਰੁਪਏ ਦੀ ਮੰਗ ਕੀਤੀ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਵਸੀਕਾ ਨਵੀਸ ਅਮਿਤ ਕੁਮਾਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 20,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ।

ਬੁਲਾਰੇ ਨੇ ਦੱਸਿਆ ਕਿ ਉਕਤ ਵਸੀਕਾ ਨਵੀਸ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਲੁਧਿਆਣਾ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ। ਉਨ੍ਹਾਂ ਕਿਹਾ ਕਿ ਜੇਕਰ ਇਸ ਕੇਸ ਵਿਚ ਕੋਈ ਅਧਿਕਾਰੀ/ਕਰਮਚਾਰੀ ਦੋਸ਼ੀ ਪਾਇਆ ਗਿਆ ਤਾਂ ਉਸ ਵਿਰੁੱਧ ਕਾਰਵਾਈ ਕੀਤੀ ਜਾਵੇਗੀ।